# ਪੰਜਾਬ ਵਿਧਾਨ ਸਭਾ ਸਕੱਤਰੇਤ

ਸ਼ਨਿੱਚਰਵਾਰ, ਮਿਤੀ 24 ਮਾਰਚ, 2018 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿੱਚ ਪੁੱਛੇ ਜਾਣ ਵਾਲੇ ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ।

## ਮਿਡ ਡੇ ਮੀਲ ਸਕੀਮ

155. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਪ੍ਰਾਇਮਰੀ ਅਤੇ ਮਿਡਲ ਸਕੂਲਾਂ ਵਿਚ ਮਿਡ ਡੇ ਮੀਲ ਸਕੀਮ ਤਹਿਤ ਦੁਪਹਿਰ ਦਾ ਖਾਣਾ ਦੇਣਾ ਲਾਜਮੀ ਹੈ;

ਅ) ਕੀ ਇਹ ਵੀ ਠੀਕ ਹੈ ਕਿ ਪੰਜਾਬ ਸਰਕਾਰ ਵਲੋਂ ਅਗਸਤ 2017 ਤੋਂ ਮਿਡ ਡੇ ਮੀਲ ਸਕੀਮ ਤਹਿਤ ਪੰਜਾਬ ਦੇ 17 ਲੱਖ ਸਕੂਲੀ ਵਿਦਿਆਰਥੀਆਂ ਲਈ ਫੰਡਜ਼ ਜਾਰੀ ਨਹੀਂ ਕੀਤੇ ਗਏ ਜਿਸ ਕਰਕੇ ਮਾਨਯੋਗ ਸੁਪਰੀਮ ਕੋਰਟ ਦੇ ਦਿਸ਼ਾ ਨਿਰਦੇਸ਼ਾਂ ਦੀ ਉਲੰਘਣਾ ਹੋਈ ਹੈ;

ੲ) ਮਿਡ ਡੇ ਮੀਲ ਸਕੀਮ ਤਹਿਤ ਦਿੱਤੇ ਜਾਣ ਵਾਲੇ ਦੁਪਹਿਰ ਦੇ ਭੋਜਨ ਨੂੰ ਨਾ ਦੇਣ ਕਾਰਨ ਜੋ ਸਕੂਲੀ ਬੱਚਿਆਂ ਵਿਚ ਕੈਲੋਰੀਜ਼ ਦੀ ਘਾਟ ਹੋਈ ਹੈ ਉਸ ਦੀ ਪੂਰਤੀ ਲਈ ਪੰਜਾਬ ਸਰਕਾਰ ਕੀ ਕਰ ਰਹੀ ਹੈ?

## ਗੰਨਾ ਉਤਪਾਦਕਾਂ ਲਈ ਗੰਨੇ ਦੇ ਭਾਅ ਨਿਸ਼ਚਿਤ ਕਰਨਾ

156. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਪੰਜਾਬ ਸਰਕਾਰ ਵਲੋਂ ਗੰਨਾਂ ਉਤਪਾਦਕਾਂ ਲਈ ਅਜੇ ਤੱਕ ਗੰਨੇ ਦਾ ਭਾਅ ਨਿਸ਼ਚਿਤ ਨਹੀਂ ਕੀਤਾ ਅਤੇ ਗੰਨਾਂ ਮਿੱਲਾਂ ਨੂੰ ਪਿਛਲੇ ਸਾਲ ਵਾਲੇ ਰੇਟ ਤੇ ਹੀ ਗੰਨਾ ਖਰੀਦਣ ਦੇ ਆਦੇਸ਼ ਜਾਰੀ ਕੀਤੇ ਗਏ ਹਨ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿਚ ਹੋਵੇ ਤਾਂ ਇਸ ਦੇ ਕੀ ਕਾਰਨ ਹਨ ਕਿ ਪੰਜਾਬ ਸਰਕਾਰ ਨੇ ਗੰਨਾਂ ਉਤਪਾਦਕਾਂ ਲਈ ਚਾਲੂ ਸਾਲ ਲਈ ਰੇਟਸ ਨਹੀਂ ਵਧਾਏ ਜਦੋਂ ਕਿ ਬਾਹਰਲੇ ਰਾਜਾਂ ਵਿਚ ਇਹ ਰੇਟ ਵਧਾਏ ਗਏ ਹਨ?

## ਪੰਜਾਬ ਵਿਚ ਧਰਤੀ ਹੇਠਲੇ ਪਾਣੀ ਵਿੱਚ ਫਲੋਰਾਈਡ ਅਤੇ ਜਹਿਰੀਲੇ ਤੱਤਾਂ ਦੀ ਮਾਤਰਾ

157. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਪੰਜਾਬ ਵਿਚ ਧਰਤੀ ਹੇਠਲੇ ਪਾਣੀ ਵਿਚ ਫਲੋਰਾਇਡ ਅਤੇ ਜਹਿਰੀਲੇ ਤੱਤਾਂ ਦੀ ਮਾਤਰਾ ਜਿਆਦਾ ਹੋਣ ਕਾਰਨ ਇਹ ਪੀਣ ਯੋਗ ਨਹੀਂ ਹੈ;

ਅ) ਜੇਕਰ ਅਜਿਹਾ ਹੋਵੇ ਤਾਂ ਹਰੇਕ ਜਿਲ੍ਹੇ ਵਿਚ ਧਰਤੀ ਹੇਠਲੇ ਪਾਣੀ ਵਿਚ ਫਲੋਰਾਇਡ ਅਤੇ ਜਹਿਰੀਲੇ ਤੱਤਾਂ ਦੀ ਮਾਤਰਾ ਸਬੰਧੀ ਅੰਕੜੇ ਦਿੱਤੇ ਜਾਣ;

ੲ) ਪੰਜਾਬ ਸਰਕਾਰ ਇਸ ਵਿਚ ਸੁਧਾਰ ਕਰਨ ਲਈ ਕੀ ਉਪਰਾਲੇ ਕਰ ਰਹੀ ਹੈ?

## ਟਰੈਫਿਕ ਸਮੱਸਿਆ ਨੂੰ ਹੱਲ ਕਰਨ ਲਈ ਸਟੈਂਡਰਡ ਪ੍ਰੋਟੋਕੋਲ ਲਾਗੂ ਕਰਨਾ

158. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਵਲੋਂ ਨਿਯੁਕਤ ਕੀਤੇ ਗਏ ਟਰੈਫਿਕ ਐਡਵਾਈਜ਼ਰ ਵਲੋਂ ਟਰੈਫਿਕ ਸਮੱਸਿਆ ਨੂੰ ਹੱਲ ਕਰਨ ਲਈ ਕਰੀਬ ਦੋ ਸਾਲ ਪਹਿਲਾਂ ਸਟੈਂਡਰਡ ਪ੍ਰੋਟੋਕੋਲ ਤਿਆਰ ਕਰਕੇ ਪੰਜਾਬ ਸਰਕਾਰ ਨੂੰ ਲਾਗੂ ਕਰਨ ਲਈ ਕਿਹਾ ਸੀ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿਚ ਹੈ ਤਾਂ ਇਸ ਸਟੈਂਡਰਡ ਪ੍ਰੋਟੋਕੋਲ ਦੀ ਕਾਪੀ ਦਿੱਤੀ ਜਾਵੇ;

ੲ) ਪੰਜਾਬ ਸਰਕਾਰ ਵੱਲੋਂ 2 ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਇਸ ਸਟੈਂਡਰਡ ਪ੍ਰੋਟੋਕੋਲ ਤੇ ਕੋਈ ਕਾਰਵਾਈ ਨਾ ਕਰਨ ਦੇ ਕੀ ਕਾਰਨ ਹਨ ਅਤੇ ਇਸ ਦੇ ਲਈ ਕਿਹੜਾ ਅਧਿਕਾਰੀ ਜਿੰਮੇਵਾਰ ਹੈ?

ਪਰਤੋਂ ਜੀ....

**ਲੋਕਲ ਆਡਿਟ ਵਿਭਾਗ ਦੇ ਸੇਵਾ-ਮੁਕਤ ਕਰਮਚਾਰੀਆਂ ਦੀ ਗਿਣਤੀ**

190. **ਸ੍ਰੀ ਰਾਕੇਸ਼ ਪਾਂਡੇ, ਐਮ.ਐਲ.ਏ.:-** ਕੀ ਵਿੱਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਲੋਕਲ ਆਡਿਟ ਵਿਭਾਗ ਦੇ ਸੇਵਾ-ਮੁਕਤ ਕਰਮਚਾਰੀਆਂ ਦੀ ਕੁੱਲ ਗਿਣਤੀ ਕਿੰਨੀ **ਹੈ**, ਜਿਨ੍ਹਾਂ ਦੇ ਸੇਵਾ-ਮੁਕਤੀ ਦੇ ਲਾਭ ਸਬੰਧੀ ਭੁਗਤਾਨ ਅਜੇ ਤੱਕ ਜਾਰੀ ਨਹੀਂ ਕੀਤੇ ਗਏ;

ਅ) ਉਕਤ ਕਰਮਚਾਰੀਆਂ ਦੇ ਭੁਗਤਾਨ ਕਿੰਨੇ ਸਮੇਂ ਤੋਂ ਲੰਬਿਤ ਪਏ ਹਨ ਅਤੇ ਇਸ ਵਿੱਚ ਕੁੱਲ ਕਿੰਨੀ ਰਕਮ ਸ਼ਾਮਿਲ ਹੈ;

ੲ) ਇਹ ਅਦਾਇਗੀਆਂ ਕਦੋਂ ਤੱਕ ਜਾਰੀ ਹੋਣ ਦੀ ਸੰਭਾਵਨਾ ਹੈ?

**ਜ਼ੀਰਾ ਵਿੱਚ ਪੈਂਦੇ ਪਿੰਡਾਂ ਤੋਂ ਬਾਹਰ ਹਵੇਲੀਆਂ ਤੱਕ ਦੇ ਕੱਚੇ ਰਸਤਿਆਂ ਨੂੰ ਪੱਕਾ ਕਰਨਾ**

191. **ਸਰਦਾਰ ਕੁਲਬੀਰ ਸਿੰਘ ਜ਼ੀਰਾ,ਐਮ.ਐਲ.ਏ:-** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਵਿਧਾਨ ਸਭਾ ਹਲਕਾ ਜ਼ੀਰਾ ਵਿੱਚ ਪੈਂਦੇ ਪਿੰਡਾਂ ਤੋਂ ਬਾਹਰ ਹਵੇਲੀਆਂ ਤੱਕ ਕੁੱਲ ਕਿੰਨੇ ਕੱਚੇ ਰਸਤੇ ਹਨ;

ਅ) ਇਨ੍ਹਾਂ ਵਿੱਚੋਂ ਕਿੰਨੇ ਪੱਕੇ ਕਰ ਦਿੱਤੇ ਗਏ ਹਨ ਅਤੇ ਬਾਕੀ ਰਹਿੰਦੇ ਕੱਚੇ ਰਸਤੇ ਕਦੋਂ ਤੱਕ ਪੱਕੇ ਕਰ ਦਿੱਤੇ ਜਾਣਗੇ?

**ਸ਼ਰਾਬ ਦੇ ਠੇਕਿਆ ਤੋਂ ਹੋਈ ਆਮਦਨ ਦਾ ਵੇਰਵਾ**

192. **ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪਿਛਲੇ 10 ਸਾਲਾਂ ਵਿੱਚ ਸ਼ਰਾਬ ਦੇ ਠੇਕਿਆਂ ਤੋਂ ਕਿੰਨੀ ਆਮਦਨ ਹੋਈ ਹੈ ਅਤੇ ਇਸ ਵਿੱਚੋਂ ਕਿੰਨੀ ਰਾਸ਼ੀ ਐਜੂਕੇਸ਼ਨ ਸੈੱਸ ਦੇ ਤੌਰ ਤੇ ਸਿੱਖਿਆ ਵਿਭਾਗ ਨੂੰ ਦਿੱਤੀ ਗਈ ਹੈ ਅਤੇ ਇਹ ਰਾਸ਼ੀ ਕਿਸ ਮੰਤਵ ਲਈ ਵਰਤੀ ਗਈ?

**ਪੁਲਿਸ ਕਾਂਸਟੇਬਲ ਤੋਂ ਇੰਨਸਪੈਕਟਰ ਰੈਂਕ ਤੱਕ ਮਿਲਣਯੋਗ ਰਾਸ਼ਨ ਭੱਤੇ ਦਾ ਵੇਰਵਾ**

193. **ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਸਾਲ 1990 ਤੋਂ ਹੁਣ ਤੱਕ ਪੁਲਿਸ ਕਾਂਸਟੇਬਲ ਤੋਂ ਲੈ ਕੇ ਇੰਸਪੈਕਟਰ ਰੈਂਕ ਤੱਕ categorywise ਪ੍ਰਤੀ ਮਹੀਨਾ ਕਿੰਨਾਂ ਰਾਸ਼ਨ ਭੱਤਾ ਮਿਲਦਾ ਹੈ;

ਅ) ਕੀ ਸਰਕਾਰ ਦੀ ਇਹ ਭੱਤਾ ਵਧਾਉਣ ਦੀ ਕੋਈ ਤਜ਼ਵੀਜ਼ ਵਿਚਾਰ ਅਧੀਨ ਹੈ;

ੲ) ਜੇਕਰ ਉਪਰੋਕਤ ਭਾਗ (ਅ) ਦਾ ਜਵਾਬ ਹਾਂ ਵਿੱਚ ਹੈ ਤਾਂ ਇਹ ਭੱਤਾ ਕਿੰਨੇ ਰੁਪਏ ਪ੍ਰਤੀ ਮਹੀਨਾ ਵਧਾਉਣ ਦਾ ਵਿਚਾਰ ਹੈ?

ਚੰਡੀਗੜ੍ਹ
ਮਿਤੀ 22 ਮਾਰਚ, 2018

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।

Superintendent
Punjab Vidhan Sabha
Chandigarh